ਨੰ: Sed-Edu303/26/2020-3edu3/961861/1

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,
Akal Academy Behak Fattu,
Village Behak Fattu, P.O. Behak Gujran,
Tehsil Zira, District Ferozpur. (Regd.)

**ਮਿਤੀ:ਚੰਡੀਗੜ੍ਹ:** 28.10.2020

ਵਿਸ਼ਾ:- Akal Academy Behak Fattu, Village Behak Fattu, P.O. Behak Gujran, Tehsil Zira, District Ferozpur ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਦਸਵੀਂ ਪੱਧਰ ਦਾ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਸਬੰਧੀ।

******

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਫਿਰੋਜ਼ਪੁਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਮੋਹਾਲੀ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਦਸਵੀਂ ਪੱਧਰ ਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।
4. **ਸੀ.ਬੀ.ਐਸ.ਈ** ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ

ਹੋਰ ਭੱਤੇ ਆਦਿ ਅਕਾਊਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਸਕੂਲ ਐਕਸਟੈਨਸ਼ਨ/ਅਪਗ੍ਰੇਡੇਸ਼ਨ ਸਮੇਂ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਸਬੰਧਤ ਜਿਲ੍ਹਾ ਸਿੱਖਿਆ ਅਫ਼ਸਰ ਦੇ ਕੋਲ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਦਾ ਬਣਦਾ ਰਿਜ਼ਰਵ ਫੰਡ ਜਮ੍ਹਾ ਕਰਵਾਏਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6 ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਦਾ ਸਮੇਂ -2 ਨਿਰੀਖਣ ਪੰਜਾਬ ਸਰਕਾਰ ਦੇ ਅਧਿਕਾਰੀਆਂ ਵੱਲੋਂ ਕੀਤਾ ਜਾਵੇਗਾ।

7. ਪੰਜਾਬ ਸਰਕਾਰ ਵੱਲੋਂ ਪੱਤਰ ਨੰ:2/93/2009/3ਸਿ3/1360154 ਮਿਤੀ 26.11.2018 ਰਾਹੀਂ ਜਾਰੀ ਕੀਤੀਆਂ ਗਾਈਡਲਾਇਨਜ਼ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ।

**ਅਧੀਨ ਸਕੱਤਰ ਸਕੂਲ ਸਿੱਖਿਆ**

**ਪਿੱ:ਅੰ:ਨੰ:** **ਮਿਤੀ, ਚੰਡੀਗੜ੍ਹ:**

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ.– 15/03-2020 ਗ੍ਰਾਂਟ ਪੈਨ 1(2)/2020256338 ਮਿਤੀ 14.10.2020 ਦੇ ਹਵਾਲੇ ਵਿੱਚ ਸਕੂਲ ਦੀ ਮੂਲ ਮਿਸਲ ਵਾਪਿਸ ਭੇਜਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਫਿਰੋਜ਼ਪੁਰ।

**ਅਧੀਨ ਸਕੱਤਰ ਸਕੂਲ ਸਿੱਖਿਆ**

Punjab Government

Education Department

(Education-3 Branch)

To

The Principal

Akal Academy Behak Fattu,

Village:- Behak Fattu,P.O Behak Gujjran,

Tehsil:-Zira,District:-Ferozepur.

Dated:-Chandigarh

With reference to subject noted above.

After careful consideration of the documents produced by the School Management along with an affidavit, the recommendations of the District Education Officer(S.E) and Director Education Department(S.E) Punjab,Chandigarh,the required No Objection Certificate is hereby issued by the Punjab Government as per the following terms and conditions:-

**1.**In future, if on any complaint/inspection this fact comes forward that while obtaining No Objection Certificate, the Government has been provided with wrong information by you and or not comply with the terms and conditions issued by the Punjab Government from time to time and do not comply with the terms and conditions furnished in the affidavit, then in this eventually the No Objection Certificate may be withdrawn at any time.

**2.**It would be compulsory to teach Punjabi in your school up to Matriculation and C.B.S.E New Delhi would definately make efforts to conduct the examination of Punjabi and it is further stated that in case of non - compliance of the same ,the No Objection Certificate would be withdrawn immediately.

**3.** The school Management will abide by the notification issued under R.T.E Act,2009 by Education Department of Punjab Government and shall abide by all rules framed for Punjab state under R.T.E Act,2009.

**4.**After obtaining affiliation from C.B.S.E,New Delhi, the school management would be bound to pay the salaries and other allowances to teaching and non-teaching staff at par with Government employees through account payee cheques. At the tme of extention or upgradation,school will deposite reserve fund of teaching and non-teaching staff to District Education Officer as per the guidelines issued by Government,failing which No Objection Certificate shall be withrawn.

**5.**Officials of Punjab Government will observe terms and condtions laid by Punjab Government time to time for the issuance of students' safety ,Public health sanitation and other No Objection certificates .

NOTARY
Jodha Jit
Synghal
Regd. No.

**6.**Guidelines issued by Punjab Government through letter no.2/93/2009/3मि3/1360154, Dated 26.11.2018 shall be abided .

Sd/-

Under Secretary School Education

Endorsement No.Sed-Edu303/26/2020-3edu3/96186/3. Dated,Chandigarh 28.10.2020

Copy of Above letter is sent to Following

**1.**It is instructed to Director Education Department (S.S.) Punjab, Chandigarh sending Original file in the reference of his memo No.15/03-2020 grant Pan1(2)/2020256338 dated 14.10.2020 and it is requested to make essential to inspect the above mentioned school one time within every five years and the inspection report be forwarded to Government, so that IT came to know that the concerned school is complying the instructions made by government or not.

**2.**District Education Officer(S.S.), Ferozepur

Sd/-

Under Secretary School Education

Manager
Akal Academy
Behak Fattu (F .)

Headmistress
Akal Academy
Behak Fattu (Fzr.)

NOTARY
Jodha Jit Synghal
Regd. No. 2103
GOVT. OF INDIA

ATTESTED
Notary Public
Distt. MOGA
28 DEC 2020

Certified that this is a True and Correct Translation in English of Document produced before me in.......... script
Date: 28 DEC 2020